# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ



## ਡਾ. ਗੁਰਵਿੰਦਰ ਸਿੰਘ ਧਾਲੀਵਾਲ ਲਗਾਤਾਰ 12ਵੀਂ ਵਾਰ ਬਣੇ ਰੀਅਲ ਅਸਟੇਟ ਦੇ 'ਟੌਪ ਸੇਲਸ ਪਰਸਨ'

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 30 ਅਪ੍ਰੈਲ : ਰੀਅਲ ਅਸਟੇਟ ਜਗਤ ਅਤੇ ਪੰਜਾਬੀ ਮੀਡੀਆ ਦੀ ਉੱਘੀ ਸ਼ਖ਼ਸੀਅਤ ਡਾ. ਗੁਰਵਿੰਦਰ ਸਿੰਘ ਧਾਲੀਵਾਲ ਨੇ ਆਪਣੀ ਮਿਹਨਤ ਅਤੇ ਕਾਬਲੀਅਤ ਦਾ ਲੋਹਾ ਮਨਵਾਉਂਦੇ ਹੋਏ ਇੱਕ ਹੋਰ ਵੱਡੀ ਪ੍ਰਾਪਤੀ ਆਪਣੇ ਨਾਮ ਕੀਤੀ ਹੈ। ਪਲੈਨਿਟ ਗਰੁੱਪ ਰਿਐਲਿਟੀ ਵੱਲੋਂ ਉਹਨਾਂ ਨੂੰ ਪਹਿਲੇ ਨੰਬਰ ਦੇ 'ਟੌਪ ਸੇਲਸ ਪਰਸਨ' ਐਲਾਨਿਆ ਗਿਆ ਹੈ।




ਸਰੀ ਦੇ ਧਾਲੀਵਾਲ ਬੈਂਕੁਇਟ ਹਾਲ ਵਿੱਚ ਕਰਵਾਏ ਇੱਕ ਸ਼ਾਨਦਾਰ ਸਲਾਨਾ ਅਵਾਰਡ ਸਮਾਗਮ ਦੌਰਾਨ ਡਾ. ਧਾਲੀਵਾਲ ਨੂੰ 'ਪਲੈਨਿਟ ਗਰੁੱਪ ਐਬਸਫੋਰਡ' ਦੇ ਟੌਪ ਰਿਐਲਟਰ ਦੇ ਵੱਕਾਰੀ ਅਵਾਰਡ ਨਾਲ ਨਿਵਾਜਿਆ ਗਿਆ। ਇਹ ਉਹਨਾਂ ਦੀ ਲਗਾਤਾਰ 12ਵੀਂ ਜਿੱਤ ਹੈ, ਜੋ ਰੀਅਲ ਅਸਟੇਟ ਖੇਤਰ ਵਿੱਚ ਉਹਨਾਂ ਦੀ ਪਕੜ ਅਤੇ ਭਰੋਸੇਯੋਗਤਾ ਨੂੰ ਦਰਸਾਉਂਦੀ ਹੈ। ਇਸ ਮੌਕੇ ਡਾ. ਧਾਲੀਵਾਲ ਨੇ ਬਹੁਤ ਹੀ ਨਿਮਰਤਾ ਨਾਲ ਸਮੂਹ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ 18 ਵਰ੍ਹਿਆਂ ਤੋਂ ਮਿਲ ਰਿਹਾ ਸਨੇਹ ਅਤੇ ਸਹਿਯੋਗ ਹੀ ਉਹਨਾਂ ਦੀ ਸਫਲਤਾ ਦੀ ਕੁੰਜੀ ਹੈ।

ਜ਼ਿਕਰਯੋਗ ਹੈ ਕਿ ਡਾ. ਗੁਰਵਿੰਦਰ ਸਿੰਘ ਧਾਲੀਵਾਲ ਸਿਰਫ ਕਾਰੋਬਾਰੀ ਖੇਤਰ ਤੱਕ ਹੀ ਸੀਮਤ ਨਹੀਂ ਹਨ, ਸਗੋਂ ਉਹਨਾਂ ਦਾ ਬੌਧਿਕ ਯੋਗਦਾਨ ਵੀ ਲਾਮਿਸਾਲ ਹੈ। ਉਹ 'ਚੈਨਲ ਪੰਜਾਬੀ' 'ਤੇ ਪ੍ਰਸਿੱਧ ਪ੍ਰੋਗਰਾਮ 'ਆਵਾਜ਼-ਏ-ਪੰਜਾਬ' ਰਾਹੀਂ ਲੋਕਾਂ ਦੇ ਰੂ-ਬਰੂ ਹੁੰਦੇ ਹਨ ਅਤੇ ਪੰਜਾਬੀ ਅਖ਼ਬਾਰਾਂ ਵਿੱਚ ਆਪਣੇ ਵਿਚਾਰਾਂ ਰਾਹੀਂ ਪਾਠਕਾਂ ਨਾਲ ਡੂੰਘੀ ਸਾਂਝ ਰੱਖਦੇ ਹਨ। ਉਹਨਾਂ ਨੇ ਕੈਨੇਡਾ ਵਿੱਚ 'ਪੰਜਾਬੀ ਮੀਡੀਆ ਦੇ 100 ਸਾਲ ਦੇ ਸਫਰ' ਵਿਸ਼ੇ 'ਤੇ ਪੀਐਚ.ਡੀ. (Ph.D.) ਕੀਤੀ ਹੈ ਅਤੇ 'ਗੁਰੂ ਨਾਨਕ ਜਹਾਜ਼' (ਕਾਮਾਗਾਟਾਮਾਰੂ) ਅਤੇ 'ਗਦਰ ਲਹਿਰ' ਦੇ ਸੰਘਰਸ਼ ਬਾਰੇ ਉਹਨਾਂ ਦੀਆਂ ਖੋਜ ਭਰਪੂਰ ਲਿਖਤਾਂ ਇਤਿਹਾਸਿਕ ਲੇਖ ਲਿਖੇ ਹਨ।

## ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਸਾਦਿਕ ਵਿਖੇ ਐਚ.ਪੀ.ਵੀ ਵੈਕਸੀਨ ਬਾਰੇ ਕੀਤਾ ਜਾਗਰੂਕ

ਵਰਲਡ ਪੰਜਾਬੀ ਟਾਈਮਜ਼



ਫਰੀਦਕੋਟ/ਸਾਦਿਕ, 30 ਅਪ੍ਰੈਲ : ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ, ਫਰੀਦਕੋਟ ਡਾ. ਪਰਵਜੀਤ ਸਿੰਘ ਗੁਲਾਟੀ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ, ਫਰੀਦਕੋਟ ਡਾ. ਹੁਸਨ ਪਾਲ ਅਤੇ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ. ਐਚ. ਸੀ. ਜੰਡ ਸਾਹਿਬ ਜੀ ਦੀ ਯੋਗ ਅਗਵਾਈ ਵਿੱਚ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ, ਸਾਦਿਕ ਵਿਖੇ ਸਕੂਲ ਦੀਆਂ ਬੱਚੀਆਂ ਨੂੰ ਐਚ.ਪੀ.ਵੀ ਵੈਕਸੀਨ ਸਬੰਧੀ ਜਾਗਰੂਕਤਾ ਕੀਤਾ ਗਿਆ।

ਇਸ ਮੌਕੇ ਡਾ. ਹੁਸਨ ਪਾਲ ਨੇ ਦੱਸਿਆ ਕਿ ਇਹ ਨਵੀਂ ਐਚ.ਪੀ.ਵੀ (ਹਿਊਮਨ ਪੈਪੀਲੋਮਾ ਵੈਕਸੀਨ) 14 ਸਾਲ ਦੀ ਲੜਕੀ ਨੂੰ ਇਹ ਵੈਕਸੀਨ ਲੱਗਣੀ ਹੈ, ਭਾਵ ਜਿਸ ਲੜਕੀ ਨੇ ਆਪਣਾ 14ਵਾਂ ਜਨਮਦਿਨ ਮਨਾ ਲਿਆ ਹੋਵੇ ਅਤੇ 15ਵਾਂ ਜਨਮਦਿਨ ਨਹੀਂ ਮਨਾਇਆ। ਇਹ ਵੈਕਸੀਨ ਲੜਕੀ ਦੇ ਖੱਬੇ ਮੋਢੇ ਤੇ ਲਗਾਈ ਜਾਵੇਗੀ। ਇਹ ਵੈਕਸੀਨ ਆਉਣ ਵਾਲੇ ਸਮੇਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਨੂੰ ਰੋਕਣ ਵਿੱਚ ਬਹੁਤ ਸਹਾਈ ਹੋਵੇਗੀ। ਕਿਉਂਕਿ ਇਹ ਕੈਂਸਰ ਔਰਤਾਂ ਵਿੱਚ ਜ਼ਿਆਦਾ ਹੁੰਦਾ ਹੈ। ਇਹ ਵੈਕਸੀਨ ਸਰਕਾਰੀ ਹਸਪਤਾਲਾਂ ਵਿੱਚ ਸਰਕਾਰ ਵੱਲੋ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਵੈਕਸੀਨ ਮਾਪਿਆਂ ਦੀ ਸਹਿਮਤੀ ਨਾਲ ਲਗਾਈ ਜਾਵੇਗੀ।

ਇਸ ਮੌਕੇ ਡਾ. ਅਰਸ਼ਦੀਪ ਸਿੰਘ ਬਰਾੜ ਨੇ ਦੱਸਿਆ ਕਿ ਇਹ ਐਚ.ਪੀ.ਵੀ ਵੈਕਸੀਨ ਮਾਰਕੀਟ ਵਿੱਚ ਪ੍ਰਾਇਵੇਟ ਤੌਰ ਤੇ ਵੀ ਲਗਾਈ ਜਾ ਰਹੀ ਹੈ ਜਿਸਦੀ ਕੀਮਤ ਹਜਾਰਾਂ ਰੁਪਏ ਵਿੱਚ ਹੈ, ਪਰ ਇਸਦੇ ਉਲਟ ਸਰਕਾਰ ਵੱਲੋ ਇਹ ਵੈਕਸੀਨ ਸਰਕਾਰੀ ਹਸਪਤਾਲ ਵਿੱਚ ਬਿਲਕੁੱਲ ਮੁਫ਼ਤ ਲਗਾਈ ਜਾ ਰਹੀ ਹੈ।

ਇਸ ਮੌਕੇ ਇਕਬਾਲ ਸਿੰਘ ਬਲਾਕ ਅਕਾਊਂਟੰਟ, ਸੁਰਜੀਤ ਸਿੰਘ ਸਿਹਤ ਵਰਕਰ, ਕਮਲਜੀਤ ਕੌਰ ਐਲ. ਐਚ. ਵੀ., ਅਨੁਰਾਧਾ ਰਾਣੀ ਤੇ ਵੀਰਪਾਲ ਕੌਰ ਏ. ਐਨ. ਐਮ, ਰਮਨਦੀਪ ਕੌਰ ਸੀ. ਐਚ. ਓ. ਤੋਂ ਇਲਾਵਾ ਸਮੂਹ ਆਸ਼ਾ ਵਰਕਰ ਅਤੇ ਸਕੂਲ ਦੇ ਮੁੱਖੀ ਸਮੇਤ ਸਮੂਹ ਸਕੂਲ ਸਟਾਫ਼ ਹਾਜ਼ਰ ਸੀ।

## ਆਸ਼ਾ ਦਿਵਸ' ਮੌਕੇ ਬਿਹਤਰੀਨ ਕਾਰਗੁਜ਼ਾਰੀ ਵਾਲੀਆਂ ਆਸ਼ਾ ਨੂੰ ਕੀਤਾ ਸਨਮਾਨਿਤ

### ਸਿਹਤ ਵਿਭਾਗ ਵਿੱਚ ਆਸ਼ਾ ਦਾ ਯੋਗਦਾਨ ਸ਼ਲਾਘਾਯੋਗ:- ਡਾ. ਬਰਾੜ

ਵਰਲਡ ਪੰਜਾਬੀ ਟਾਈਮਜ਼





ਫ਼ਰੀਦਕੋਟ /ਸਾਦਿਕ 30 ਅਪ੍ਰੈਲ : ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਤੇ ਸਿਵਲ ਸਰਜਨ, ਫਰੀਦਕੋਟ ਡਾ. ਪਰਵਜੀਤ ਸਿੰਘ ਗੁਲਾਟੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡਾ. ਅਰਸ਼ਦੀਪ ਸਿੰਘ ਬਰਾੜ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ ਪੀ. ਐਚ. ਸੀ. ਜੰਡ ਸਾਹਿਬ ਦੀ ਅਗਵਾਈ ਵਿੱਚ ਸਿਹਤ ਬਲਾਕ ਜੰਡ ਸਾਹਿਬ ਦੇ ਦਫ਼ਤਰ ਵਿਖੇ ਆਸ਼ਾ ਅਤੇ ਆਸ਼ਾ ਫੈਸਿਲੀਟੇਟਰ ਦਿਵਸ ਮਨਾਇਆ ਗਿਆ। ਇਸ ਮੌਕੇ ਪੇਂਡੂ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਬਿਹਤਰੀਨ ਆਸ਼ਾ ਵਰਕਰਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਅਰਸ਼ਦੀਪ ਸਿੰਘ ਬਰਾੜ ਨੇ ਇਸ ਸਮਾਗਮ ਦੌਰਾਨ ਆਸ਼ਾ ਵਰਕਰਾਂ ਨੂੰ 'ਆਸ਼ਾ ਦਿਵਸ' ਦੀ ਵਧਾਈ ਦਿੰਦਿਆਂ ਕਿਹਾ ਕਿ ਆਸ਼ਾ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜੋ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਜ਼ਮੀਨੀ ਪੱਧਰ 'ਤੇ ਮਹੱਤਵਪੂਰਨ ਸੇਵਾਵਾਂ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਾਵਾਂ ਅਤੇ ਬੱਚਿਆਂ ਦੀ ਸਿਹਤ ਸੰਭਾਲ, ਮਾਵਾਂ ਦੀ ਮੌਤ ਦਰ ਨੂੰ ਘੱਟ ਕਰਨ, ਜੱਚਾ-ਬੱਚਾ ਦਾ ਟੀਕਾਕਰਨ ਅਤੇ ਸੰਸਥਾਗਤ ਜਣੇਪੇ ਨੂੰ ਯਕੀਨੀ ਬਣਾਉਣ ਵਿੱਚ ਆਸ਼ਾ ਵਰਕਰਾਂ ਦਾ ਯੋਗਦਾਨ ਬੇਮਿਸਾਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਰਜਿਸਟਰੇਸ਼ਨ ਵਿੱਚ ਆਸ਼ਾ ਵੱਲੋਂ ਆਪਣਾ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ।

ਡਾ. ਬਰਾੜ ਨੇ ਦੱਸਿਆ ਕਿ ਹਾਈ-ਰਿਸਕ ਗਰਭਵਤੀ ਮਹਿਲਾਵਾਂ ਦੀ ਪਛਾਣ ਕਰਨ ਅਤੇ ਹਰ ਮਹੀਨੇ ਦੀ 9 ਅਤੇ 23 ਤਾਰੀਖ ਨੂੰ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਚੈੱਕਅਪ ਯਕੀਨੀ ਬਣਾਉਣ ਵਿੱਚ ਆਸ਼ਾ ਵਰਕਰਾਂ ਦੀ ਭੂਮਿਕਾ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਅਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੀਆਂ ਹਨ ਅਤੇ ਉਨ੍ਹਾਂ ਦੇ ਯਤਨਾਂ ਸਦਕਾ ਹੀ ਸਿਹਤ ਸੇਵਾਵਾਂ ਲੋਕਾਂ ਤੱਕ ਪਹੁੰਚ ਰਹੀਆਂ ਹਨ।

ਇਸ ਮੌਕੇ ਰਜਿੰਦਰ ਕੁਮਾਰ ਬੀ. ਈ. ਈ., ਸੁਖਦੀਪ ਸਿੰਘ ਫਾਰਮੇਸੀ ਅਫ਼ਸਰ, ਇਕਬਾਲ ਸਿੰਘ ਬਲਾਕ ਅਕਾਊਂਟੈਂਟ, ਦਰਸ਼ਨ ਕੌਰ ਸਟੈਨੋ, ਪਰਮਜੀਤ ਸਿੰਘ ਤੇ ਦਵਿੰਦਰ ਸਿੰਘ ਯੂਨੀਅਰ ਸਹਾਇਕ ਅਤੇ ਲਵਜੀਤ ਸਿੰਘ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

## ਵੱਖ ਵੱਖ ਪਿੰਡਾਂ ਵਿਚ ਗੰਨੇ ਦੀ ਫ਼ਸਲ ਦੇ ਖੇਤਾਂ ਦਾ ਦੌਰਾ

ਵਰਲਡ ਪੰਜਾਬੀ ਟਾਈਮਜ਼



ਫ਼ਰੀਦਕੋਟ 30 ਅਪ੍ਰੈਲ : ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਲੋਂ ਫ਼ਸਲਾਂ ਵਿਚ ਸੰਤੁਲਿਤ ਖਾਦਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਚਲਾਈ ਮੁਹਿੰਮ ਤਹਿਤ ਦਫਤਰ ਗੰਨਾ ਕਮਿਸ਼ਨਰ ਅਤੇ ਸਮੂਹ ਖੰਡ ਮਿੱਲਾ ਵਲੋਂ ਇੱਕ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਜਿਸ ਤਹਿਤ ਡਾ ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਅਤੇ ਡਾ. ਕੁਲਵੰਤ ਸਿੰਘ ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਦੇ ਦਿਸ਼ਾ ਨਿਰਦੇਸ਼ ਅਨੁਸਾਰ ਡਾ: ਰਣਬੀਰ ਸਿੰਘ ਸਹਾਇਕ ਗੰਨਾ ਵਿਕਾਸ ਅਫਸਰ, ਫਰੀਦਕੋਟ, ਡਾ: ਨਵਿੰਦਰਪਾਲ ਸਿੰਘ ਅਤੇ ਡਾ: ਪਰਮਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ (ਗੰਨਾ) ਵੱਲੋਂ ਪਿੰਡਾਂ ਵਿਚ ਜਾ ਕੇ ਗੰਨਾ ਕਾਸ਼ਤ ਕਾਰਾਂ ਨੂੰ ਗੰਨੇ ਦੀ ਫ਼ਸਲ ਵਿਚ ਸੰਤੁਲਿਤ ਖਾਦਾਂ ਦੀ ਵਰਤੋਂ ਖਾਸ ਕਰਕੇ ਯੂਰੀਆ ਖਾਦ ਦੀ ਵਰਤੋਂ ਸਿਫਾਰਸ਼ਾਂ ਅਨੁਸਾਰ ਕਰਨ ਲਈ ਪ੍ਰੇਰਿਤ ਕੀਤਾ ਗਿਆ ।

ਡਾ. ਰਣਬੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਗੰਨੇ ਦੀ ਫ਼ਸਲ ਲੰਮੇ ਸਮੇਂ ਦੀ ਫ਼ਸਲ ਹੋਣ ਕਾਰਨ ,ਆਮ ਫ਼ਸਲਾਂ ਜਿਵੇਂ ਕਣਕ, ਝੋਨੇ ,ਮੱਕੀ ਆਦਿ ਨਾਲੋਂ ਇਸ ਫ਼ਸਲ ਨੂੰ ਜ਼ਿਆਦਾ ਮਾਤਰਾ ਵਿਚ ਖੁਰਾਕੀ ਤੱਤਾਂ ਦੀ ਜ਼ਰੂਰਤ ਪੈਂਦੀ ਹੈ,ਪ੍ਰੰਤੂ ਗੰਨਾ ਕਾਸ਼ਤਕਾਰਾਂ ਵਲੋਂ ਸਿਫਾਰਸ਼ਾਂ ਤੋਂ ਜ਼ਿਆਦਾ ਵਰਤੋਂ ਕਰਨ ਨਾਲ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗੰਨਾ ਕਾਸ਼ਤਕਾਰਾਂ ਵਲੋਂ ਗੰਨੇ ਦੀ ਫ਼ਸਲ ਨੂੰ ਸਿਫਾਰਸ਼ਾਂ ਤੋਂ ਵੱਧ ਖਾਦਾਂ ਖਾਸ ਕਰਕੇ ਯੂਰੀਆ ਖਾਦ ਦੀ ਵਰਤੋਂ ਕਰਨ ਕਾਰਨ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਸਤੰਬਰ ਮਹੀਨੇ ਦੌਰਾਨ ,ਜਦੋਂ ਪੂਰੇ ਗੰਨੇ ਬਣ ਚੁੱਕੇ ਹੁੰਦੇ ਹਨ ਤਾਂ ਵੀ ਗੰਨਾ ਕਾਸ਼ਤਕਾਰਾਂ ਵਲੋਂ ਯੂਰੀਆ ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਨਾਲ ਤਿਆਰ ਹੋਏ ਗੰਨੇ ਅਤੇ ਉਸ ਦੇ ਮੁੱਢ ਤੋਂ ਹੋਰ ਫੋਟ ਫੁੱਟਦੀ ਹੈ ਜੋ ਗੰਨਿਆਂ ਵਿਚ ਤਬਦੀਲ ਨਹੀਂ ਹੁੰਦੇ ਅਤੇ ਪਹਿਲਾਂ ਬਣੇ ਗੰਨਿਆਂ ਦਾ ਭਾਰ ਵੀ ਘਟਾ ਦਿੰਦੇ ਹਨ। ਡਾ. ਨਵਿੰਦਰਪਾਲ ਸਿੰਘ ਨੇ ਕਿਸਾਨਾਂ ਨੂੰ ਯੂਰੀਆ ਖਾਦ ਦੀ ਵੱਧ ਵਰਤੋਂ ਕਰਨ ਨਾਲ ਗੰਨੇ ਦੀ ਫਸਲ ਤੇ ਪੈਂਦੇ ਪ੍ਰਭਾਵਾਂ ਬਾਰੇ ਦੱਸਿਆ ਕਿਹਾ ਕਿ ਇਹ ਫਸਲ ਵਧੇਰੇ ਡਿੱਗਦੀ ਹੈ, ਕੀੜੇ ਮਕੌੜਿਆਂ ਦਾ ਹਮਲਾ ਵੱਧ ਹੁੰਦਾ ਹੈ ਅਤੇ ਖੰਡ ਦੀ ਰਿਕਵਰੀ ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ ਇਸ ਲਈ ਸੰਤੁਲਿਤ ਖਾਦਾਂ ਦੀ ਵਰਤੋਂ ਕਰਨੀ ਚਾਹੀਦੀ ਹੈ।

ਡਾ. ਪਰਮਿੰਦਰ ਸਿੰਘ ਨੇ ਕਿਹਾ ਕਿ ਗੰਨਾ ਕਾਸ਼ਤਕਾਰਾ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਸਿਫਾਰਸ਼ ਅਨੁਸਾਰ ਪਤਝੜ ਰੁੱਤੇ ਬਿਜਾਈ ਕੀਤੇ ਗੰਨੇ ਦੀ ਫ਼ਸਲ ਨੂੰ 195 ਕਿਲੋ ਯੂਰੀਆ ਖਾਦ ਤਿੰਨ ਬਰਾਬਰ ਕਿਸ਼ਤਾਂ ਵਿਚ ਪਾਉਣੀ ਚਾਹੀਦੀ ਹੈ। ਪਹਿਲੀ ਕਿਸ਼ਤ ਬਿਜਾਈ ਸਮੇਂ ,ਦੂਜੀ ਮਾਰਚ ਮਹੀਨੇ ਦੇ ਅਖੀਰ ਅਤੇ ਤੀਜੀ ਕਿਸ਼ਤ ਅਪ੍ਰੈਲ ਦੇ ਆਖਰੀ ਹਫਤੇ ਪਾ ਕੇ ਮਿੱਟੀ ਚੜ੍ਹਾ ਦੇਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਯੂਰੀਆ ਖਾਦ ਛਿੱਟੇ ਦੀ ਬਿਜਾਏ ,ਲਾਈਨਾਂ ਦੇ ਨਾਲ ਨਾਲ ਕੇਰ ਕੇ ਕੀਤੀ ਜਾਵੇ ਤਾਂ ਵਧੇਰੇ ਖੰਡ ਦੀ ਰਿਕਵਰੀ ਅਤੇ ਪੈਦਾਵਾਰ ਮਿਲਦੀ ਹੈ। ਜੇਕਰ ਮਿੱਟੀ ਪਰਖ ਦੇ ਆਧਾਰ ਤੇ ਫ਼ਾਸਫ਼ੋਰਸ ਵਾਲੀ ਖਾਦ ਪਾਉਣੀ ਹੋਵੇ ਤਾਂ ਫ਼ਰਵਰੀ ਵਿਚ ਵਾਹੀ ਸਮੇਂ ਕਮਾਦ ਦੀਆਂ ਕਤਾਰਾਂ ਦੇ ਨੇੜੇ ਡਰਿੱਲ ਕਰਨੀ ਚਾਹੀਦੀ ਹੈ। ਬਹਾਰ ਰੁੱਤ ਦੇ ਗੰਨੇ ਦੀ ਬੀਜੜ ਫਸਲ ਲਈ 130 ਕਿਲੋ ਅਤੇ ਮੁਢੀ ਫ਼ਸਲ ਲਈ 195 ਕਿਲੋ ਯੂਰੀਆ ਖਾਦ ਦੀ ਵਰਤੋਂ ਕਰਨ ਦੀ ਸਿਫਾਰਸ਼ ਕੀਤੀ ਜਾਂਦੀ ਹੈ । ਇਸ ਤੋਂ ਇਲਾਵਾ ਫਾਸਫੇਟਿਕ ਅਤੇ ਪੋਟਾਸ਼ ਖਾਦ ਦੀ ਵਰਤੋਂ ਮਿੱਟੀ ਪਰਖ ਦੇ ਆਧਾਰ ਤੇ ਫਾਸਫੋਰਸ ਤੱਤ ਦੀ ਘਾਟ ਹੋਣ ਤੇ 75 ਕਿਲੋ ਸਿੰਗਲ ਸੁਪਰਫਾਸਫੇਟ ਖਾਦ ਪ੍ਰਤੀ ਏਕੜ ਵਰਤੋਂ ਕਰਨੀ ਚਾਹੀਦੀ ਹੈ।

ਬਹਾਰ ਰੁੱਤ ਦੇ ਗੰਨੇ ਦੀ ਬੀਜੜ ਫ਼ਸਲ ਦੇ ਉੱਗਣ ਉਪਰੰਤ ਪਹਿਲੇ ਪਾਣੀ ਤੋਂ ਪਹਿਲਾ ਪਹਿਲੀ ਕਿਸ਼ਤ 65 ਕਿਲੋ ਯੂਰੀਆ ਫ਼ਸਲ ਦੀਆਂ ਲਾਈਨਾਂ ਦੇ ਨਾਲ ਨਾਲ ਪਾਉਣੀ ਚਾਹੀਦੀ ਹੈ ਅਤੇ ਬਾਕੀ ਦੀ 65 ਕਿਲੋ ਯੂਰੀਆ ਮਈ – ਜੂਨ ਵਿਚ ਪਾ ਦੇਣੀ ਚਾਹੀਦੀ ਹੈ । ਇਸੇ ਤਰਾਂ ਮੁਢੀ ਫ਼ਸਲ ਨੂੰ 195 ਕਿਲੋ ਯੂਰੀਆ ਪ੍ਰਤੀ ਏਕੜ ਨੂੰ ਤਿੰਨ ਬਰਾਬਰ ਕਿਸ਼ਤਾਂ ਵਿੱਚ, ਪਹਿਲਾ 65 ਕਿਲੋ ਯੂਰੀਆ ਦੀ ਕਿਸ਼ਤ ਗੋਡੀ ਜਾਂ ਵਾਹੀ ਸਮੇਂ ,ਦੂਜੀ ਕਿਸ਼ਤ ਅਪ੍ਰੈਲ ਅਤੇ ਤੀਜੀ ਕਿਸ਼ਤ ਮਈ ਵਿਚ ਪਾ ਦੇਣੀ ਚਾਹੀਦੀ ਹੈ। ਜੇਕਰ ਆਲੂਆਂ ਦੀ ਫ਼ਸਲ ਤੋਂ ਬਾਅਦ ਗੰਨੇ ਦੀ ਬਿਜਾਈ ਕੀਤੀ ਹੈ ਤਾਂ ਯੂਰੀਆ ਦੀ ਮਾਤਰਾ ਪ੍ਰਤੀ ਏਕੜ 45 ਕਿਲੋ ਘਟਾ ਦੇਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਵੱਧ ਯੂਰੀਆ ਖਾਦ ਵਰਤਣ ਨਾਲ ਹਵਾ ਅਤੇ ਪਾਣੀ ਵੀ ਪ੍ਰਦੂਸ਼ਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਯੂਰੀਆ ਤੋਂ ਵਾਧੂ ਨਾਈਟ੍ਰੋਜਨ ਜ਼ਮੀਨ ਹੇਠਲੇ ਪਾਣੀ ਵਿੱਚ ਜਾ ਕੇ ਪਾਣੀ ਪ੍ਰਦੂਸ਼ਤ ਕਰਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਪਰਾਲੀ ਨੂੰ ਚੁਕਾਉਣ ਦੀ ਬਿਜਾਏ ਖੇਤਾਂ ਵਿਚ ਹੀ ਸਾਂਭਿਆ ਜਾਵੇ ਤਾਂ ਜੋਂ ਜ਼ਮੀਨ ਦੀ ਸਿਹਤ ਬਰਕਰਾਰ ਰੱਖੀ ਜਾ ਸਕੇ।ਇਸ ਦੇ ਨਾਲ ਨਾਲ ਐਸ.ਐਮ.ਏ.ਐਮ ਸਕੀਮ ਅਧੀਨ ਸਬਸਿਡੀ ਤੇ agrimachinerypb.com ਤੇ 12/05/2025 ਖੇਤੀਬਾੜੀ ਵਿੱਚ ਖ਼ਾਸ ਕਰਕੇ ਗੰਨੇ ਸਬੰਧੀ ਸੰਦ ਲੈਣ ਲਈ ਅਰਜੀ ਦੇ ਸਕਦੇ ਹਨ।

## ਆਮ ਆਦਮੀ ਪਾਰਟੀ ਦੇ ਅੰਦਰ ਲੀਡਰਸ਼ਿਪ ਤੋਂ ਵਿਸ਼ਵਾਸ਼ ਖਤਮ ਹੋ ਗਿਆ ਹੈ : ਮਨਵੀਰ ਰੰਗਾ

### 'ਆਪ' ਸੰਸਦ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਕੀਤਾ ਸੁਆਗਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 30 ਅਪ੍ਰੈਲ : ਭਾਰਤੀ ਜਨਤਾ ਪਾਰਟੀ ਜਿਲਾ ਫਰੀਦਕੋਟ ਦੇ ਯੂਥ ਪ੍ਰਧਾਨ ਮਨਵੀਰ ਰੰਗਾ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਸੰਸਦ ਮੈਂਬਰਾਂ ਦਾ ਭਾਜਪਾ ਵਿੱਚ ਸੁਆਗਤ ਕਰਦਿਆਂ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ 'ਤੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਸੰਗਠਨ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹੀ ਭੰਗ ਹੋ ਚੁੱਕਾ ਹੈ ਅਤੇ ਅੰਤਿਮ ਅਰਦਾਸ ਦੀ ਗੱਲ ਹੈ, ਜੋ ਕਿ ਚੋਣ ਨਤੀਜਿਆਂ ਵਾਲੇ ਦਿਨ ਵੀ ਪੂਰੀ ਹੋਵੇਗੀ। ਉਹਨਾਂ ਕਿਹਾ ਕਿ ਅਚਾਨਕ 'ਆਪ' ਸੰਸਦ ਮੈਂਬਰਾਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪਾਰਟੀ ਦੇ ਅੰਦਰ ਲੀਡਰਸ਼ਿਪ ਵਿੱਚ ਵਿਸ਼ਵਾਸ਼ ਖਤਮ ਹੋ ਗਿਆ ਹੈ। ਉਹਨਾਂ ਦਾਅਵਾ ਕੀਤਾ ਕਿ ਭਾਜਪਾ ਵਿੱਚ ਸ਼ਾਮਲ ਹੋਏ ਸੰਸਦ ਮੈਂਬਰ ਪ੍ਰਮੁੱਖ ਅਤੇ ਪ੍ਰਭਾਵਸ਼ਾਲੀ ਹਸਤੀਆਂ ਹਨ। ਉਨ੍ਹਾਂ ਦਾ 'ਆਪ' ਛੱਡ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿੱਚ ਸ਼ਾਮਲ ਹੋਣਾ ਭਾਰਤ ਦੀ ਤਰੱਕੀ ਲਈ ਨਰਿੰਦਰ ਮੋਦੀ ਦੀ ਮਹੱਤਤਾ ਨੂੰ ਸਾਬਤ ਕਰਦਾ ਹੈ। ਇਸ ਦੌਰਾਨ ਕੇਜਰੀਵਾਲ ਅਤੇ ਭਗਵੰਤ ਮਾਨ ਦਾ ਗਿਰੋਹ ਸਿਰਫ ਸੱਤਾ ਲਈ ਜਨਤਾ ਦੀਆਂ ਭਾਵਨਾਵਾਂ ਨਾਲ ਲਗਾਤਾਰ ਖੇਡ ਰਿਹਾ ਹੈ। ਮਨਵੀਰ ਰੰਗਾ ਨੇ ਕਿਹਾ ਕਿ ਇਹ ਘਟਨਾਕ੍ਰਮ ਦਰਸਾਉਂਦਾ ਹੈ ਕਿ ਅਰਵਿੰਦ ਕੇਜਰੀਵਾਲ, ਮਾਨ ਦਾ ਅਸਲ ਸੁਭਾਅ ਹੁਣ ਨਾ ਸਿਰਫ ਮਨੀਸ਼ ਸਿਸੋਦੀਆ, ਸੰਜੇ ਸਿੰਘ ਅਤੇ ਭਗਵੰਤ ਮਾਨ ਜਨਤਾ ਦੇ ਸਾਹਮਣੇ ਨਹੀਂ, ਸਗੋਂ ਉਨ੍ਹਾਂ ਦੀ ਆਪਣੀ ਪਾਰਟੀ ਦੇ ਸੰਸਦ ਮੈਂਬਰਾਂ ਸਾਹਮਣੇ ਵੀ ਉਜਾਗਰ ਹੋ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਉਸ ਪਾਰਟੀ 'ਤੇ ਆਪਣਾ ਭਰੋਸਾ ਰੱਖਿਆ ਸੀ, ਜਿਸ ਨੂੰ ਦੇਸ਼ ਨੇ ਰੱਦ ਕਰ ਦਿੱਤਾ ਸੀ ਪਰ ਹੁਣ ਸੂਬੇ ਦੇ ਲੋਕ ਖੁਦ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਇਸ ਪਾਰਟੀ ਨੂੰ ਖਤਮ ਕਰ ਦੇਣਗੇ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਬਦਲਾਅ ਚਾਹੁੰਦੇ ਹਨ ਅਤੇ ਭਾਜਪਾ ਨੂੰ ਇੱਕ ਮਜਬੂਤ ਵਿਕਲਪ ਵਜੋਂ ਦੇਖਦੇ ਹਨ। ਆਉਣ ਵਾਲੀਆਂ ਚੋਣਾਂ ਵਿੱਚ ਸੂਬੇ ਦੇ ਲੋਕ ਭ੍ਰਿਸ਼ਟਾਚਾਰ ਅਤੇ ਝੂਠੇ ਵਾਅਦਿਆਂ ਦੀ ਰਾਜਨੀਤੀ ਨੂੰ ਢੁਕਵਾਂ ਜਵਾਬ ਦੇਣਗੇ। ਉਨ੍ਹਾਂ ਇਹ ਵੀ ਕਿਹਾ ਕਿ ਇਹ ਤਾਂ ਸਿਰਫ ਸ਼ੁਰੂਆਤ ਹੈ, ਭਵਿੱਖ ਵਿੱਚ ਹੋਰ ਵੀ ਵੱਡੇ ਰਾਜਨੀਤਿਕ ਵਿਕਾਸ ਦੇਖਣ ਨੂੰ ਮਿਲਣਗੇ।

## ਕੌਣ ਬਲਵਾਨ ?

ਮੰਦਰ, ਮਸੀਤਾਂ, ਚਰਚ, ਦੁਆਰੇ
ਜਾਂ ਕੋਈ ਪੀਰ-ਸਥਾਨ।
ਭ੍ਰਿਸ਼ਟਾਚਾਰ ਵਿੱਚ ਇੱਕ-ਦੂਜੇ ਤੋਂ
ਵਧ ਕੇ ਨੇ ਗੁਲਤਾਨ।
ਰੋਕ ਰਿਹਾ ਨਾ ਖੁਦਾ, ਵਾਹਿਗੁਰੂ,
ਗੋਡ ਜਾਂ ਫਿਰ ਭਗਵਾਨ।
ਕਰਨ ਵਾਲ਼ੇ ਨਾ ਡਰਨ ਇਹਨਾਂ ਤੋਂ
ਪਰ ਰੱਖਦੇ ਨੇ ਧਿਆਨ
ਕਿ ਫੜ੍ਹੇ ਜਾਣ ਤੋਂ ਕਿਹੜੀ ਧਾਰਾ,
ਕੀ ਪਾਊ ਘਮਸਾਨ ?
ਡਰਨ ਕਾਨੂੰਨੋਂ ਪਰ 'ਰੱਬ ਨੂੰ ਨੇ,
ਮੰਨਦੇ ਟੱਬ ਸਮਾਨ'।
ਫੇਰ ਘੜਾਮੇਂ ਵਾਲ਼ਿਆ ਹੋਇਆ,
ਕੌਣ ਅਸਲ ਬਲਵਾਨ ?
ਜੇ ਸਾਰੀ ਗੱਲ-ਕਥ ਦੀ ਆਖਿਰ,
ਕਰ ਲਈਏ ਪੁਣਛਾਣ।
ਨਿੱਕਲੇ ਜਿਹੜਾ ਨਿਚੋੜ ਤਾਂ ਪਾਈਏ,
ਸਭ ਤੋਂ ਵੱਧ ਮਹਾਨ।
ਸੰਵਿਧਾਨ ਸਿਰਫ਼ ਸੰਵਿਧਾਨ ਰੋਮੀਆਂ,
ਉੱਤਮ ਹੈ ਸੰਵਿਧਾਨ।

ਵਰਲਡ ਪੰਜਾਬੀ ਟਾਈਮਜ਼ ਰੋਮੀ ਘੜਾਮੇਂ ਵਾਲ਼ਾ

# ਦੁਸਹਿਰੀ ਅੰਬ ਵਰਗਾ ਰਸਵੰਤਾ ਸੀ-ਸ. ਜਗਦੇਵ ਸਿੰਘ ਜੱਸੋਵਾਲ।



ਪੰਦਰਾਂ ਸਾਲ ਪਹਿਲਾਂ ਪ੍ਰੈੱਸ ਕਲੱਬ ਜਲੰਧਰ ਵਿੱਚ ਸ. ਜਗਦੇਵ ਸਿੰਘ ਜੱਸੋਵਾਲ ਨਾਲ ਡਾ. ਆਤਮਜੀਤ, ਸਾਹਿਬ ਥਿੰਦ (ਸੱਰੀ-ਕੈਨੇਡਾ) ਤੇ ਗੁਰਭਜਨ ਗਿੱਲ

30 ਅਪ੍ਰੈਲ ਨੂੰ ਸ. ਜਗਦੇਵ ਸਿੰਘ ਜੱਸੋਵਾਲ ਜੀ ਦਾ ਜਨਮ ਦਿਨ ਹੁੰਦਾ ਹੈ ਤੇ ਪਹਿਲੀ ਮਈ ਨੂੰ ਪੰਜਾਬੀ ਨਾਵਲਕਾਰ ਪ੍ਰੋ. ਨਰਿੰਜਨ ਤਸਨੀਮ ਜੀ ਦਾ। ਦੋ ਮਈ ਨੂੰ ਮੇਰਾ ਜਨਮ ਦਿਨ ਹੈ ਤੇ ਤਿੰਨ ਮਈ ਨੂੰ ਮੇਰੇ ਕੈਨੇਡਾ ਵੱਸਦੇ ਮਿੱਤਰ ਕਵੀ ਮੋਹਨ ਗਿੱਲ ਦਾ।

ਸ. ਜਗਦੇਵ ਸਿੰਘ ਜੱਸੋਵਾਲ ਆਪਣੇ ਵੱਡੇ ਵੀਰ ਗੁਰਦੇਵ ਸਿੰਘ ਤੇ ਸੁਖਦੇਵ ਸਿੰਘ ਤੋਂ ਨਿੱਕੜਾ "ਜੱਗੋ"। ਜੱਗੋ ਬਿਲਕੁਲ ਵੱਖਰਾ। ਨਿੱਕੇ ਵੀਰ ਇੰਦਰਜੀਤ ਤੇ ਚਮਕੌਰ ਸਿੰਘ ਦਾ ਵੱਡਾ ਬਾਈ।

ਬੇਬੇ ਅਕਸਰ ਆਖਰੀ ਜੱਗੋ ਤਾ ਮੇਰਾ ਬੱਠਲ਼ ਭਰ ਕੇ ਉੱਬਲੀਆਂ ਬੱਕਲੀਆ ਖਾ ਜਾਂਦਾ ਸੀ ਨਿੱਕੇ ਹੁੰਦਿਆਂ। ਏਡਾ ਚੌਂਗਾਠਾ ਪਾਲਣਾ ਕਿਤੇ ਸੌਖਾ ਹੈ ਪੁੱਤਰਾ। ਸਾਰਾ ਦਿਨ ਭੱਜਿਆ ਹੀ ਫਿਰਦਾ। ਹੁਣ ਵੀ ਕਿੱਥੇ ਟਿਕ ਕੇ ਬਹਿੰਦੈ। ਜਿੰਨਾ ਚਿਰ ਸੌ ਦੋ ਸੌ ਮੀਲ ਪੈਂਡਾ ਗਾਹ ਨਾ ਲਵੇ , ਇਹਨੂੰ ਰੋਟੀ ਹਜ਼ਮ ਨਹੀਂ ਹੁੰਦੀ। ਬੇਬੇ ਅਮਰ ਕੌਰ ਅਕਸਰ ਸਾਨੂੰ ਹੱਸ ਹੱਸ ਦੱਸਦੀ।

ਜਗਦੇਵ ਸਿੰਘ ਜੱਸੋਵਾਲ ਨੇ ਆਪਣੇ ਜਨਮ ਤੋਂ ਦੋ ਸਾਲ ਪਹਿਲਾਂ ਖੁੱਲ੍ਹੇ ਖਾਲਸਾ ਹਾਈ ਸਕੂਲ ਕਿਲ੍ਹਾ ਰਾਏਪੁਰ ਤੋਂ ਮੁੱਢਲੀ ਪੜ੍ਹਾਈ ਕੀਤੀ। ਇੱਥੇ ਹੀ ਪੰਜਾਬੀ ਸ਼ਾਇਰ ਅਜਾਇਬ ਚਿਤਰਕਾਰ ਉਸ ਦਾ ਡਰਾਇੰਗ ਅਧਿਆਪਕ ਬਣਿਆ। ਆਰੀਆ ਕਾਲਿਜ ਲੁਧਿਆਣਾ ਤੋਂ ਗਰੈਜੂਏਸ਼ਨ, ਗੌਰਮਿੰਟ ਕਾਲਿਜ ਲੁਧਿਆਣਾ ਤੇ ਮਹਿੰਦਰਾ ਕਾਲਿਜ ਪਟਿਆਲਾ ਤੋਂ ਡਬਲ ਐੱਮ ਏ ਕਰਕੇ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਦਾ ਲਾਅ ਗ੍ਰੈਜੁਏਟ ਬਣਿਆ।

ਲੁਧਿਆਣਾ ਕਚਹਿਰੀਆਂ ਵਿੱਚ ਉਸ ਨੇ ਸ. ਸੁਖਦੇਵ ਸਿੰਘ ਕੰਗ ਨਾਲ। ਕੰਗ ਸਾਹਿਬ ਮਗਰੋਂ ਇੱਕ ਹਾਈਕੋਰਟ ਦੇ ਚੀਫ਼ ਜਸਟਿਸ ਬਣੇ ਤੇ ਹੋਰ ਅੱਗੇ ਜਾ ਕੇ ਗਵਰਨਰ। ਮੈਂ ਦੋਹਾਂ ਦੀ ਸ. ਸ਼ਿਵ ਸਿੰਘ ਸੰਧੂ ਦੇ ਘਰ ਲੰਮੀ ਸੰਗਤ ਕੀਤੀ ਸੀ ਇੱਕ ਵਾਰ। ਇਹ ਗੱਲ ਦੋਹਾਂ ਨੇ ਹੀ ਦੁਹਰਾਈ।

ਰਲ਼ ਕੇ ਪ੍ਰੈਕਟਿਸ ਤਾਂ ਸ਼ੁਰੂ ਕਰ ਲਈ ਪਰ ਉੱਡਣੇ ਪਰਿੰਦੇ ਕਿਤੇ ਪਿੰਜਰੇ ਪੈਂਦੇ ਨੇ? ਸ਼੍ਰੋਮਣੀ ਅਕਾਲੀ ਦਲ ਵਿੱਚ ਉਹ ਮਾਸਟਰ ਤਾਰਾ ਸਿੰਘ ਤੇ ਸੰਤ ਫ਼ਤਹਿ ਸਿੰਘ ਦੀ ਪ੍ਰਧਾਨਗੀ ਵੇਲੇ ਜਨਰਲ ਸਕੱਤਰ ਰਿਹਾ। ਪਰ ਸ਼ੌਕ ਅਵੱਲੇ! ਸੰਤ ਫ਼ਤਹਿ ਸਿੰਘ ਦੇ ਪ੍ਰਧਾਨ ਬਣਨ ਉਪਰੰਤ ਪਹਿਲੀ ਕਲਕੱਤਾ ਫੇਰੀ ਦੌਰਾਨ ਪੰਜਾਬੀ ਕਵੀ ਪ੍ਰੋ. ਕੁਲਵੰਤ ਗਰੇਵਾਲ ਦੇ ਸੰਗ ਸਾਥ ਸਿਰਮੌਰ ਬੰਗਾਲੀ ਕਵੀ ਕਾਜ਼ੀ ਨਜ਼ਰੁਲ ਇਸਲਾਮ ਨੂੰ ਮਿਲਣ ਜਾ ਪੁੱਜਾ। ਸੰਤ ਖ਼ਫ਼ਾ ਕਿ ਕਿੱਥੇ ਲੈ ਵੜਿਆਂ? ਅਗਲੇ ਦਿਨ ਪ੍ਰਮੁੱਖ ਬੰਗਾਲੀ ਤੇ ਅੰਗਰੇਜ਼ੀ ਅਖ਼ਬਾਰਾਂ ਦੇ ਮੁੱਖ ਪੰਨੇ ਤੇ ਸੰਤਾਂ ਨਾਲ ਕਾਜ਼ੀ ਜੀ ਦੀ ਤਸਵੀਰ ਛਪੀ। ਇਹੀ ਕਾਜ਼ੀ ਨਜ਼ਰੁਲ ਇਸਲਾਮ ਸਾਹਿਬ 1971 ਵਿੱਚ ਬੰਗਲਾ ਦੇਸ਼ ਦੇ ਕੌਮੀ ਕਵੀ ਐਲਾਨੇ ਗਏ।

ਦੇਸ਼ ਵਿੱਚ ਪਹਿਲੀ ਵਾਰ 1967 ਵਿੱਚ ਬਣੀ ਪਹਿਲੀ ਗੈਰ ਕਾਂਗਰਸ ਸਰਕਾਰ ਦੇ ਜੁਗਾੜੀਆਂ ਵਿੱਚ ਜੱਸੋਵਾਲ ਜੀ ਵੀ ਸ਼ਾਮਿਲ ਸਨ। ਇਸ ਸਰਕਾਰ ਵਿੱਚ ਕਮਿਊਨਿਸਟ ਆਗੂ ਕਾਮਰੇਡ ਸੱਤ ਪਾਲ ਡਾਂਗ ਖੁਰਾਕ ਮੰਤਰੀ ਬਣੇ। ਭਾਰਤੀਯ ਜਨਸੱਘ ਦੇ ਵੀ ਦੋ ਮੰਤਰੀ ਸ਼ਾਮਲ ਸਨ। ਸੁਤੰਤਰ ਪਾਰਟੀ ਵਿੱਚੋਂ ਕੱਢ ਕੇ ਜੱਸੋਵਾਲ ਨੇ ਹੀ ਜਸਟਿਸ ਗੁਰਨਾਮ ਸਿੰਘ ਜੀ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕਰਵਾਇਆ ਸੀ।

ਇਸ ਸਰਕਾਰ ਦੇ ਪਹਿਲੇ ਮੁੱਖ ਮੰਤਰੀ ਜਸਟਿਸ ਗੁਰਨਾਮ ਸਿੰਘ ਦੇ ਉਹ ਸਿਆਸੀ ਸਲਾਹਕਾਰ ਬਣੇ। ਸ. ਪ੍ਰਕਾਸ਼ ਸਿੰਘ ਬਾਦਲ ਇਸ ਸਰਕਾਰ ਵਿੱਚ ਪਹਿਲੀ ਵਾਰ ਪੇਂਡੂ ਵਿਕਾਸ ਮੰਤਰੀ ਬਣੇ।

1980 ਵਿੱਚ ਉਹ ਰਾਇਕੋਟ ਤੋਂ ਵਿਧਾਇਕ ਬਣੇ। ਅਕਾਲੀ ਦਲ ਤੋਂ ਜਸਟਿਸ ਸਾਹਿਬ ਦੀ ਖੱਜਲ ਖੁਆਰੀ ਕਾਰਨ ਮਨ ਉਚਾਟ ਹੋ ਗਿਆ। ਬਹੁਤ ਪਹਿਲਾਂ ਇਸੇ ਜਗਦੇਵ ਸਿੰਘ ਨੂੰ ਪੰਡਿਤ ਜਵਾਹਰ ਲਾਲ ਨਹਿਰੂ ਤੇ ਪ੍ਰਤਾਪ ਸਿੰਘ ਕੈਰੋਂ ਕਾਂਗਰਸ ਵਿੱਚ ਸ਼ਾਮਿਲ ਕਰਨ ਆਏ ਸਨ। ਸ. ਕਰਤਾਰ ਸਿੰਘ ਸ਼ਮਸ਼ੇਰ, ਗੋਪਾਲ ਸਿੰਘ ਖਾਲਸਾ ਤੇ ਯੁੱਗ ਕਵੀ ਪ੍ਰੋ. ਮੋਹਨ ਸਿੰਘ ਨਾਲ ਹਰ ਸ਼ਾਮ ਗੁਜ਼ਾਰਦੇ। ਇਸੇ ਦੋਸਤੀ ਵਿੱਚੋਂ ਮੋਹਨ ਸਿੰਘ ਯਾਦਗਾਰੀ ਮੇਲਾ ਨਿਕਲਿਆ।

1978 ਤੋਂ 2014 ਤੀਕ ਉਨ੍ਹਾਂ ਦੇ ਸੰਗੀ ਵਜੋਂ ਤੁਰਨ ਦਾ ਮੈਨੂੰ ਵੀ ਮਾਣ ਮਿਲਿਆ। ਵੱਡੇ ਵੀਰ ਵਜੋਂ ਹਰ ਦੁੱਖ ਸੁੱਖ ਵਿੱਚ ਸਭ ਤੋਂ ਪਹਿਲਾਂ ਬਹੁੜਦੇ।

ਅੱਜ ਉਨ੍ਹਾਂ ਦੀ ਬਰਸੀ ਤੇ ਕੁਝ ਸਮਾਂ ਪਹਿਲਾਂ ਲਿਖਿਆ ਕਾਵਿ ਚਿੱਤਰ ਹਾਜ਼ਰ ਹੈ। ਇਹ ਮੇਰੇ ਕਾਵਿ ਸੰਗ੍ਰਹਿ "ਚਰਖੜੀ" ਵਿੱਚ ਵੀ ਸ਼ਾਮਲ ਹੈ।

▪

ਸ. ਜਗਦੇਵ ਸਿੰਘ ਜੱਸੋਵਾਲ

ਉਹ ਹੁਣੇ ਆਏਗਾ
ਸਾਡੇ ਘਰ ਦੀਆਂ
ਪੌੜੀਆਂ ਚੜ੍ਹਦਾ ।
ਨਾਲ ਹੋਣਗੇ
ਦੁਨੀਆਂ ਭਰ ਦੇ ਫ਼ਿਕਰ ।
ਹੱਥਾਂ ਨਾਲ ਹਵਾ 'ਚ
ਨਕਸ਼ੇ ਬਣਾਵੇਗਾ ।
ਅਨੇਕਾਂ ਸ਼ਬਦ ਚਿਤਰ ਉਲੀਕੇਗਾ,
ਬਿਨ ਕਾਗ਼ਜ਼ਾਂ ਤੋਂ ।
ਧਰਤੀ 'ਚ ਰੰਗ ਭਰੇਗਾ,
ਖਿੜੇਗਾ
ਸੂਰਜਮੁਖੀ ਦੇ ਖੇਤ ਵਾਂਗ ।
ਸੁਰ ਅਲਾਪੇਗਾ ਤੇ ਕਹੇਗਾ ।
"ਉੱਠ ਕੇ ਪਹਿਰ ਦੇ ਤੜਕੇ,
ਬਦਨਾਮੀ ਲੈ ਲਈ ।
ਆਹੋ ਜੀ ਬਦਨਾਮੀ ਲੈ ਲਈ ।"
ਪਰ ਰੋਜ਼
ਤੜਕੇ ਉੱਠੇਗਾ ਤੇ ਕਹੇਗਾ ।
ਚਲੋ ਬਈ ਚਲੋ,
ਨਿਰਮਲ,ਨਿੰਦਰਾ ,ਰਵਿੰਦਰਾ
ਚਲੋ ਬਟਾਲੇ ਵੱਲ ਚੱਲੀਏ
ਕੋਟਲਾ ਸ਼ਾਹੀਆ ਖੇਡਾਂ ਨੇ ।
ਪਿਰਥੀਪਾਲ ਉਡੀਕਦੈ ।
ਖਤਰਾਵੀਂ ਦਿਲਬਾਗ ਨਾਲ,
ਕਾਮਰੇਡ ਉਜਾਗਰ ਸਿੰਘ ਯਾਦਗਾਰੀ ਮੇਲੇ ਦੀ
ਵਿਉਂਤ ਵੀ ਬਣਾਉਣੀ ਹੈ ।
ਰਾਹ 'ਚ ਮਿਲਣਾ ਹੈ
ਜਥੇਦਾਰ ਕਰਮ ਸਿੰਘ ਜਾਗੀਰਦਾਰ ਨੂੰ
ਮੇਰਾ ਜੇਲ੍ਹ ਸਾਥੀ ਹੈ
ਅਕਾਲੀ ਮੋਰਚਿਆਂ ਵੇਲੇ ਦਾ
ਜਲੰਧਰ
ਕਾਮਰੇਡ ਜਗਜੀਤ ਸਿੰਘ ਆਨੰਦ
ਵੀ ਢਿੱਲਾ ਹੈ ।
ਉਹਦਾ ਵੀ ਪਤਾ ਕਰਨੈਂ।
ਬਾਬੇ ਬਕਾਲੇ ਕਵੀਸ਼ਰ
ਜੋਗਾ ਸਿੰਘ ਜੋਗੀ ਉਡੀਕਦੈ ।
ਬਰਕਤ ਸਿੱਧੂ ਵੀ
ਬੀਮਾਰ ਹੈ ਮੋਗੇ ।
ਚਲੋ! ਚਲੋ! ਚਲੋ! ਭਾਈ!

ਪਰ ਹੁਣ ਕਈ ਸਾਲ ਹੋ ਗਏ
ਕੋਈ ਨਹੀਂ ਪੌੜੀਆਂ ਚੜ੍ਹਦਾ
ਮੇਰੇ ਘਰ ਦੀਆਂ

ਏਨੇ ਫ਼ਿਕਰਾਂ ਵਿੰਨ੍ਹੇ ਮੱਥੇ ਵਾਲਾ
ਹਸਪਤਾਲ 'ਚ ਪਿਆ ਵੀ
ਜੋ ਕਹੇ !
ਚਰਨਜੀਤ ਚੰਨ
ਮੇਰਾ ਬੀਬਾ ਵੀਰ
ਹਰਿਆਣੇ ਵਿੱਚ
ਮੁਲਖਸਗੜ੍ਹ ਯਾਦਗਾਰ ਬਣਵਾ ਦੇ ਬਾਬਾ ਬੰਦਾ ਸਿੰਘ
ਬਹਾਦਰ ਦੀ ਰਾਜਧਾਨੀ ।
ਬਸੀਆਂ ਕੋਠੀ ਤਾਂ ਬਣਵਾ ਲਈ
ਗੁਰਭਜਨ ਨੇ ਤੁਹਾਡੇ ਬਾਦਲ ਤੋਂ ।

ਦਯਾਨੰਦ ਹਸਪਤਾਲ ਦੇ
ਆਈ ਸੀ ਯੂ ਵਿੱਚ ਪਿਆ ਕਹੇ
ਚੱਲ!
ਕਾਕਾ ਹਰਭਜਨ ਮਾਨ ਹੀਰ ਸੁਣਾ!
ਮਨ ਦਾ ਰਾਂਝਾ ਰਾਜ਼ੀ ਕਰੀਏ!

ਹੁਣ ਸਭ ਪਾਸੇ ਚੁੱਪ ਹੈ ।
ਉਹ ਵੱਡੀ ਸਾਰੀ ਧਰਤੀ ਸੀ
ਕਿਸੇ ਲਈ ਨੀਲਾ ਆਸਮਾਨ
ਸਿਰ ਤੇ ਧਰਿਆ
ਬਾਬਲ ਦਾ ਹੱਥ ਸੀ
ਕਿਸੇ ਵਾਸਤੇ
ਸੁਪਨਿਆਂ ਦਾ ਥਾਲ
ਬਹੁਤਿਆਂ ਲਈ
ਵੱਡੀ ਸਾਰੀ ਬੁੱਕਲ ਸੀ
ਅਨੇਕ ਰੱਖਣਿਆਂ ਵਾਲਾ
ਬੈਂਕ ਲਾਕਰ
ਬੜਿਆਂ ਲਈ
ਰੁਜ਼ਗਾਰ ਦੀ ਪੌੜੀ
ਪਰ ਵਿਰਲਿਆਂ ਲਈ
ਆਸਥਾ ਕੇਂਦਰ ।
ਖ਼ਾਨਗਾਹੇ ਬਲਦਾ
ਮੱਧਮ ਚਿਰਾਗ ।
ਉਹ ਕਿਸੇ ਲਈ ਵੀ
ਓਪਰਾ ਨਹੀਂ ਸੀ ।
ਵੱਡੀ ਸਾਰੀ ਪੋਟਲੀ 'ਚੋਂ
ਸੁਪਨੇ ਕੱਢਦਾ
ਤੇ ਪੂਰੇ ਕਰਨ ਲਈ
ਬਲ ਬੁੱਧ ਮੁਤਾਬਕ ਵੰਡਦਾ ।
ਰਿਸ਼ਤਿਆਂ ਦੀਆਂ ਤੰਦਾਂ ਜੋੜਦਾ ।
ਅਮਰੀਕਾ 'ਚ 'ਵਾਜ਼ ਮਾਰਦਾ
ਉਇ ਰਿਆੜ ਹਰਵਿੰਦਰਾ
ਜਗਦੇਆਂ ਵਾਲੇ ਕੁਲਦੀਪ ਸਿੰਹਾਂ
ਉਦਾਸੀ ਦੀਏ ਧੀਏ ਪ੍ਰਿਤਪਾਲ
ਓ ਪੁੱਤਰਾ ਸੁਖਨੈਨ
ਭੁੱਲਿਆ ਤੇ ਬਾਲਿਆ
ਮੈਂ ਤਾਂ ਹੁਣ ਨਦੀ ਕਿਨਾਰੇ ਰੁੱਖੜਾ
ਮੇਰਾ ਹੁਣ ਕੀ ਏ ।
ਤੇ ਅਗਲੇ ਦਿਨ ਟਿਕਟ ਕਟਾ,
ਅਮਰੀਕਾ ਚੜ੍ਹ ਜਾਂਦਾ ।
ਸਾਥੋਂ ਚੋਰੀ ਚੋਰੀ,
ਹਸਨਪੁਰੀਏ
ਸੂਰਤ ਸਿੰਘ ਖ਼ਾਲਸਾ ਨਾਲ ।
ਓਥੇ ਪਹੁੰਚ ਉੱਤਰਨ ਸਾਰ
ਦੁੱਖ ਸੁਖ ਭੁਗਤਾਉਂਦਾ ।
ਆਖ਼ਰੀ ਰਾਤਾਂ ਰਿਆੜ ਕੋਲੋਂ,
ਸੁੱਜੇ ਪੈਰੀਂ ਮਾਲਸ਼ਾਂ ਕਰਵਾਉਂਦਾ ।
ਅਸੀਸਾਂ ਵੰਡਦਾ,
ਫ਼ਤਹਿ ਬੁਲਾਉਂਦਾ ।
ਵਤਨੀਂ ਪਰਤਦਾ ।

ਆਉਂਦਿਆਂ ਸਾਰ
ਹਸਪਤਾਲ ਦਾ ਮੰਜਾ ਸੀ ।
ਉੱਥੋਂ ਹੀ ਗਾਉਂਦਾ ਵਜਾਉਂਦਾ,
ਰੇਤ ਵਾਂਗ ਹੱਥੋਂ ਕਿਰ ਗਿਆ ।
ਲੋਕ ਸੰਗੀਤ ਦੀ ਪਨੀਰੀ ਬੀਜਦਾ,
ਲਗਾਤਾਰ ਜਲ ਤਰੌਂਕਦਾ,
ਉਡਾਰ ਕਰਦਾ ਤੇ
ਫੁਰਰਰਰਰ ਆਖ,
ਅੰਬਰਾਂ ਨੂੰ ਸੌਂਪਦਾ ।
ਪਾਰਸ ਛੋਹ ਬਖ਼ਸ਼ ਕੇ ।
ਜਹਾਨੋਂ ਜਾਣ ਵੇਲੇ ਵੀ,
ਇਤਿਹਾਸ ਦੀ ਚਿੰਤਾ ਸੀ ।
ਬੂਹਾ ਕਰ ਬੰਦ,ਮੇਰਾ ਪੁੱਤਰ ਚੰਦ,
ਚੱਲ ਬਈ ਨਿੰਦਰਾ,ਖੋਲ੍ਹ ਦੇ ਜਿੰਦਰਾ ।
ਜ਼ਰਾ ਜੰਗਾਲੀਆਂ ਯਾਦਾਂ ਨੂੰ
ਹਵਾ ਲੁਆਈਏ।